# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-01-2025**

- ਸੰਸਦ ਦਾ ਬਜਟ ਇਜਲਾਸ ਕੱਲ੍ਹ ਤੋਂ ਸ਼ੁਰੂ - ਰਾਸ਼ਟਰਪਤੀ ਦ੍ਰੋਪਦੀ ਮੁਰਮੂ ਭਲਕੇ ਸੰਸਦ ਦੇ ਦੋਵਾਂ ਸਦਨਾਂ ਨੂੰ ਕਰਨਗੇ ਸੰਬੋਧਨ।
- ਇਲੈਕਟ੍ਰੌਨਿਕਸ ਅਤੇ ਸੂਚਨਾ ਤਕਨੋਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ- ਭਾਰਤ, ਆਉਣ ਵਾਲੇ ਮਹੀਨਿਆਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਦਾ ਆਪਣਾ ਬੁਨਿਆਦੀ ਮਾਡਲ ਤਿਆਰ ਕਰੇਗਾ।
- ਚੰਡੀਗੜ੍ਹ ਮੇਅਰ ਦੀ ਚੋਣ ਭਾਰਤੀ ਜਨਤਾ ਪਾਰਟੀ ਨੇ ਜਿਤੀ।
- ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਜ਼ਿਲ੍ਹਾ ਕਪੂਰਥਲਾ 'ਚ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ।

- ਰਾਸ਼ਟਰ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 77ਵੀਂ ਬਰਸੀ ਅਤੇ ਸ਼ਹੀਦ ਦਿਵਸ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ।
- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਐੱਨ.ਸੀ.ਸੀ. ਕੈਡਿਟਾਂ ਵੱਲੋਂ 'ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਅਤੇ ਰੋਕਥਾਮ' ਤੇ ਵਿਚਾਰ ਚਰਚਾ।

---------------------------------------------------

ਸੰਸਦ ਦਾ ਬਜਟ ਇਜਲਾਸ ਕੱਲ੍ਹ ਤੋਂ ਸ਼ੁਰੂ ਹੋ ਰਿਹਾ ਏ। ਬਜਟ ਇਜਲਾਸ ਤੋਂ ਪਹਿਲਾਂ, ਅੱਜ ਸਰਬ ਪਾਰਟੀ ਮੀਟਿੰਗ ਬੁਲਾਈ ਗਈ। ਸੰਸਦ ਭਵਨ ਕੰਪਲੈਕਸ ਵਿੱਚ ਹੋਈ ਇਸ ਮੀਟਿੰਗ ਦੌਰਾਨ, ਸਰਕਾਰ ਨੇ ਇਜਲਾਸ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਾਰੀਆਂ ਸਿਆਸੀ ਪਾਰਟੀਆਂ ਤੋਂ ਸਹਿਯੋਗ ਦੀ ਅਪੀਲ ਕੀਤੀ। ਮੀਟਿੰਗ ਤੋਂ ਬਾਅਦ, ਮੀਡੀਆ ਨਾਲ ਗੱਲਬਾਤ ਕਰਦਿਆਂ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਕਿ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਭਲਕੇ ਬਜਟ ਇਜਲਾਸ ਦੇ ਪਹਿਲੇ ਦਿਨ ਸੰਸਦ ਦੇ ਦੋਵਾਂ ਸਦਨਾਂ ਨੂੰ ਸਾਂਝੇ ਤੌਰ 'ਤੇ ਸੰਬੋਧਨ ਕਰਨਗੇ। ਉਨ੍ਹਾਂ ਕਿਹਾ ਕਿ, ਰਾਸ਼ਟਰਪਤੀ ਦੇ

ਸੰਬੋਧਨ ਤੋਂ ਬਾਅਦ, ਆਰਥਿਕ ਸਰਵੇਖਣ ਪੇਸ਼ ਕੀਤਾ ਜਾਵੇਗਾ। ਸ੍ਰੀ ਰਿਜਿਜੂ ਨੇ ਕਿਹਾ ਕਿ, ਕੇਂਦਰੀ ਬਜਟ ਸ਼ਨੀਵਾਰ ਨੂੰ ਪੇਸ਼ ਕੀਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਇਜਲਾਸ ਦੌਰਾਨ, ਰਾਸ਼ਟਰਪਤੀ ਦੇ ਭਾਸ਼ਣ 'ਤੇ ਚਰਚਾ ਦੇ ਨਾਲ-ਨਾਲ, ਬਜਟ 'ਤੇ ਵੀ ਚਰਚਾ ਹੋਵੇਗੀ, ਜੋ 13 ਫਰਵਰੀ ਤੱਕ ਜਾਰੀ ਰਹੇਗੀ

**BYTE:**

ਉਨ੍ਹਾਂ ਕਿਹਾ ਕਿ ਸੰਸਦ ਵਿੱਚ, ਪਹਿਲਾਂ ਹੀ 16 ਬਿੱਲ ਅਤੇ 19 ਕੰਮ ਸੂਚੀਬੱਧ ਨੇ। ਇਜਲਾਸ ਇਕ ਸ਼ਾਮ ਪਹਿਲਾ, ਆਕਾਸ਼ਵਾਣੀ ਦਾ ਸਮਾਚਾਰ ਸੇਵਾ ਵਿਭਾਗ ਅੱਜ 'ਸੰਸਦ ਦੇ ਸਾਹਮਣੇ ਮੁੱਦੇ' ਵਿਸ਼ੇ 'ਤੇ ਇੱਕ ਵਿਸ਼ੇਸ਼ ਚਰਚਾ ਪ੍ਰਸਾਰਿਤ ਕਰੇਗਾ। 'ਸੰਸਦ ਤੋਂ ਪਹਿਲਾਂ ਦੇ ਮੁੱਦੇ' ਪ੍ਰੋਗਰਾਮ ਅੱਜ ਰਾਤ ਸਾਢੇ 9 ਵਜੇ 100.1 ਮੈਗਾਹਰਟਜ਼ ਆਕਾਸ਼ਵਾਣੀ ਗੋਲਡ ਅਤੇ ਹੋਰਨਾਂ ਮੀਟਰਾਂ 'ਤੇ ਸੁਣਿਆ ਜਾ ਸਕਦਾ ਹੈ। 'ਇਸ਼ੂਜ਼ ਬਿਫੋਰ ਪਾਰਲੀਮੈਂਟ' ਪ੍ਰੋਗਰਾਮ ਅੰਗਰੇਜ਼ੀ ਵਿੱਚ 102.6 ਮੈਗਾਹਰਟਜ਼ ਆਕਾਸ਼ਵਾਣੀ ਰੇਨਬੋ ਅਤੇ ਵਾਧੂ ਮੀਟਰਾਂ 'ਤੇ ਰਾਤ ਸਾਢੇ 9 ਵਜੇ ਇੱਕੋ ਸਮੇਂ ਸੁਣਿਆ ਜਾ ਸਕਦਾ ਏ । ਇਹ ਪ੍ਰੋਗਰਾਮ ਸਾਡੇ

ਯੂਟਿਊਬ ਚੈਨਲ ਨਿਊਜ਼ ਔਨ ਏ.ਆਈ.ਆਰ ਆਫੀਸ਼ੀਅਲ 'ਤੇ ਵੀ ਸੁਣਿਆ ਜਾ ਸਕਦਾ ਏ।

-------------------------------------------------------

ਇਲੈਕਟ੍ਰੌਨਿਕਸ ਅਤੇ ਸੂਚਨਾ ਤਕਨੋਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਭਾਰਤ, ਆਉਣ ਵਾਲੇ ਮਹੀਨਿਆਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ AI ਦਾ ਆਪਣਾ ਬੁਨਿਆਦੀ ਮਾਡਲ ਤਿਆਰ ਕਰੇਗਾ। ਸ਼੍ਰੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਭਾਰਤ ਦਾ ਏ.ਆਈ. ਬੁਨਿਆਦੀ ਢਾਂਚਾ ਦੁਨੀਆ ਦੇ ਸਰਬੋਤਮ ਮਾਡਲਾਂ ਦੇ ਬਰਾਬਰ ਹੋਵੇਗਾ। ਉਨ੍ਹਾਂ ਕਿਹਾ ਕਿ ਭਾਰਤ ਦੇ ਆਪਣੇ ਏ.ਆਈ. ਮਾਡਲ ਨੂੰ ਵਿਕਸਤ ਕਰਨ ਲਈ ਤਜਵੀਜ਼ਾਂ  ਦਾ ਖਾਕਾ ਤਿਆਰ ਕੀਤਾ ਗਿਆ ਰ। ਉਨ੍ਹਾਂ ਨੇ ਇੱਕ ਏ.ਆਈ. ਸੁਰੱਖਿਆ ਸੰਸਥਾਨ ਸਥਾਪਤ ਕਰਨ ਦਾ ਵੀ ਐਲਾਨ ਕੀਤਾ। ਉਨ੍ਹਾਂ ਨੇ ਇੰਡੀਆ ਏ.ਆਈ. ਮਿਸ਼ਨ ਦੀ ਪ੍ਰਗਤੀ ਦਾ ਜ਼ਿਕਰ ਕੀਤਾ, ਜੋ ਪਹਿਲਾਂ ਹੀ ਆਪਣੇ ਸ਼ੁਰੂਆਤੀ ਗ੍ਰਾਫਿਕ ਪ੍ਰੋਸੈਸਿੰਗ ਯੂਨਿਟ-ਜੀ.ਪੀ.ਯੂ.ਟੀਚਿਆਂ ਨੂੰ ਪਾਰ ਕਰ ਚੁੱਕਾ ਏ। ਸ਼੍ਰੀ ਵੈਸ਼ਨਵ ਨੇ ਕਿਹਾ ਕਿ 18 ਹਜ਼ਾਰ 693 ਜੀ.ਪੀ.ਯੂ. ਦੇ ਨਾਲ ਇੱਕ ਆਮ

ਕੰਪਿਊਟ ਸੁਵਿਧਾ ਵੀ ਸ਼ੁਰੂ ਕੀਤੀ ਗਈ ਏ। ਆਉਣ ਵਾਲੇ ਦਿਨਾਂ ਵਿੱਚ ਇਹ ਸੁਵਿਧਾ ਸਟਾਰਟ-ਅੱਪਸ, ਖੋਜਕਰਤਾਵਾਂ ਅਤੇ ਡਿਵੈਲਪਰਾਂ ਲਈ ਉਪਲਬਧ ਹੋਵੇਗੀ। ਉਨ੍ਹਾਂ ਕਿਹਾ ਕਿ ਭਾਰਤ ਵਿੱਚ 15 ਹਜ਼ਾਰ ਉੱਚ ਪੱਧਰੀ ਜੀ.ਪੀ.ਯੂ. ਉਪਲਬਧ ਨੇ। ਡੀਪਸੀਕ ਦੀ ਨਿੱਜਤਾ ਸਬੰਧੀ ਚਿੰਤਾਵਾਂ ਬਾਰੇ ਸ੍ਰੀ ਵੈਸ਼ਨਵ ਨੇ ਦੱਸਿਆ ਕਿ ਇਸ ਨਾਲ ਸਬੰਧਤ ਜਾਣਕਾਰੀ ਬਹੁਤ ਜਲਦੀ ਭਾਰਤੀ ਸਰਵਰਾਂ 'ਤੇ ਉਪਲਬਧ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਮੰਨਣਾ ਏ ਕਿ ਆਧੁਨਿਕ ਤਕਨੋਲੋਜੀ ਸਾਰਿਆਂ ਲਈ ਉਪਲਬਧ ਹੋਣੀ ਚਾਹੀਦੀ ਏ।

---------------------------------------------------------------

ਚੰਡੀਗੜ੍ਹ ਮੇਅਰ ਦੀ ਚੋਣ ਭਾਰਤੀ ਜਨਤਾ ਪਾਰਟੀ ਨੇ ਜਿੱਤ ਲਈ ਏ। ਬੀ.ਜੇ.ਪੀ ਉਮੀਦਵਾਰ ਹਰਪ੍ਰੀਤ ਕੌਰ ਬਬਲਾ ਨੂੰ 19 ਵੋਟਾਂ ਮਿਲੀਆਂ ਜਦਕਿ ਆਮ ਆਦਮੀ ਪਾਰਟੀ-ਕਾਂਗਰਸ ਗਠਜੋੜ ਦੀ ਉਮੀਦਵਾਰ ਪ੍ਰੇਮਲਤਾ ਨੂੰ 17 ਵੋਟਾਂ ਮਿਲੀਆਂ। ਬੀ.ਜੇ.ਪੀ ਪੰਜਾਬ ਦੇ ਬੁਲਾਰੇ, ਪ੍ਰਿਤਪਾਲ ਸਿੰਘ ਬਲੀਏਵਾਲ ਨੇ ਕਿਹਾ ਕਿ, ਚੰਡੀਗੜ੍ਹ 'ਚ ਹੁਣ ਬੀ.ਜੇ.ਪੀ ਦਾ ਮੇਅਰ ਹੋਣ ਕਾਰਨ ਵਿਕਾਸ ਨੂੰ ਨਵੀਂ ਗਤੀ ਮਿਲੇਗੀ। ਉਨ੍ਹਾਂ

ਕਿਹਾ ਕਿ, ਦੁਨੀਆ ਭਰ 'ਚ ਖਾਸ ਪਛਾਣ ਰੱਖਣ ਵਾਲੇ, ਸਿਟੀ ਬਿਊਟੀਫੁੱਲ ਦੇ ਨਾਂ ਨੂੰ ਬਰਕਰਾਰ ਰੱਖਣ ਅਤੇ ਸੁਧਾਰਨ 'ਚ ਕਈ ਅਹਿਮ ਫੈਸਲੇ ਲਏ ਜਾਣਗੇ।

-----------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ, ਅੱਜ ਜ਼ਿਲ੍ਹਾ ਕਪੂਰਥਲਾ 'ਚ ਬਲਾਕ ਫਗਵਾੜਾ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ। ਇਸ ਦੌਰਾਨ, ਸ਼੍ਰੀ ਵਿਜੈ ਨੇ ਕੌਮੀ ਖੁਰਾਕ ਸੁਰੱਖਿਆ ਐਕਟ ਤਹਿਤ ਚਲ ਰਹੀਆਂ ਲਾਭਕਾਰੀ ਯੋਜਨਾਵਾਂ ਦਾ ਜਾਇਜ਼ਾ ਲਿਆ ਅਤੇ ਇਨ੍ਹਾਂ ਨੂੰ ਹੋਰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ, ਦਿਸ਼ਾ-ਨਿਰਦੇਸ਼ ਦਿੱਤੇ। ਜਾਂਚ ਦੌਰਾਨ, ਉਨ੍ਹਾਂ ਨੇ ਸਕੂਲਾਂ ਵਿੱਚ ਮਿੱਡ-ਡੇ ਮੀਲ ਦੇ ਖਾਣੇ ਦੀ ਜਾਂਚ ਰਜਿਸਟਰ ਨੂੰ ਸਹੀ ਤਰੀਕੇ ਨਾਲ ਰੱਖਣ, ਬੱਚਿਆਂ ਨੂੰ ਸਵੱਛ ਅਤੇ ਪੌਸ਼ਟਿਕ ਭੋਜਨ ਪ੍ਰਦਾਨ ਕਰਨ ਅਤੇ ਖਾਣੇ ਦੀ ਪ੍ਰਕਿਰਿਆ ਵਿੱਚ ਸਾਫ਼ ਸਫਾਈ ਦਾ ਧਿਆਨ ਰੱਖਣ ਦੇ ਹੁਕਮ ਦਿੱਤੇ। ਉਨ੍ਹਾਂ ਨੇ ਸਕੂਲ ਦੇ ਬੱਚਿਆਂ ਨਾਲ, ਮਿੱਡ-ਡੇ ਮੀਲ ਬਾਰੇ ਗੱਲਬਾਤ ਕੀਤੀ ਅਤੇ ਖੁਦ ਵੀ ਬੱਚਿਆਂ ਨਾਲ ਭੋਜਨ ਕੀਤਾ। ਉਨ੍ਹਾਂ ਨੇ

ਸੰਬੰਧਤ ਵਿਭਾਗ ਨੂੰ ਨਿਰਦੇਸ਼ ਦਿੱਤਾ ਕਿ, ਸਕੂਲਾਂ ਵਿੱਚ ਵਿਦਿਆਰਥੀਆਂ ਦੇ ਸਿਹਤ ਦੀ ਨਿਯਮਤ ਜਾਂਚ ਅਤੇ ਮਿੱਡ-ਡੇ ਮੀਲ ਵਰਕਰਾਂ ਦੇ ਮੈਡੀਕਲ ਚੈੱਕਅਪ ਦੀ ਵਿਵਸਥਾ ਕੀਤੀ ਜਾਵੇ।

---------------------------------------------------------

ਰਾਸ਼ਟਰ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 77ਵੀਂ ਬਰਸੀ ਅਤੇ ਸ਼ਹੀਦ ਦਿਵਸ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ । ਇਸ ਮੌਕੇ ਅੱਜ ਸਵੇਰੇ ਨਵੀਂ ਦਿੱਲੀ ਸਥਿਤ ਗਾਂਧੀ ਸਮਾਧੀ ਰਾਜਘਾਟ ਵਿਖੇ ਸਰਬ ਧਰਮ ਪ੍ਰਾਰਥਨਾ ਕੀਤੀ ਗਈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ , ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮਹਾਤਮਾ ਗਾਂਧੀ ਦੀ ਸਮਾਧੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਰੱਖਿਆ ਮੰਤਰੀ ਰਾਜਨਾਥ ਸਿੰਘ, ਚੀਫ਼ ਆਫ਼ ਡਿਫੈਂਸ ਸਟਾਫ ਅਤੇ ਤਿੰਨਾਂ ਸੈਨਾਵਾਂ ਦੇ ਮੁਖੀ ਵੀ ਮੌਜੂਦ ਰਹੇ । ਹਰ ਸਾਲ 30 ਜਨਵਰੀ ਨੂੰ ਰਾਸ਼ਟਰ, ਮਹਾਤਮਾ ਗਾਂਧੀ ਦੇ ਜੀਵਨ ਅਤੇ ਵਿਰਾਸਤ ਨੂੰ, ਸੁਤੰਤਰਤਾ ਸੰਗਰਾਮ ਦੇ ਮਾਰਗ ਦਰਸ਼ਕ ਦੇ ਰੂਪ ਵਿੱਚ ਯਾਦ ਕਰਦਾ ਏ । ਇਸ ਦਿਨ ਨੂੰ 'ਸ਼ਹੀਦ ਦਿਵਸ' ਵਜੋਂ ਵੀ

ਮਨਾਇਆ ਜਾਂਦਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਤਮਾ ਗਾਂਧੀ ਦੇ ਆਦਰਸ਼ ,ਦੇਸ਼-ਵਾਸੀਆਂ ਨੂੰ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਪ੍ਰੇਰਿਤ ਕਰਦੇ ਨੇ । ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੇ ਬਲੀਦਾਨ ਦਿਵਸ ’ਤੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲਿਆਂ ਨੂੰ ਯਾਦ ਕੀਤਾ ਗਿਆ । ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਮਹਾਤਮਾ ਗਾਂਧੀ ਜੀ ਦੀ ਤਸਵੀਰ ਅੱਗੇ ਸ਼ਰਧਾਂਜਲੀ ਭੇਟ ਕੀਤੀ। ਪੰਜਾਬ ਪੁਲਿਸ ਦੀ ਟੁਕੜੀ ਵਲੋਂ ਹਥਿਆਰ ਉਲਟੇ ਕਰਕੇ ਸ਼ਹੀਦਾਂ ਨੂੰ ਨਮਨ ਕੀਤਾ ਗਿਆ । ਇਸ ਮੌਕੇ ਆਕਾਸ਼ਵਾਣੀ ਦੇ ਜਲੰਧਰ ਕੇਂਦਰ, ਦੂਰਦਰਸ਼ਨ ਕੇਂਦਰ ਅਤੇ ਪੱਤਰ ਸੂਚਨਾ ਦਫਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ, ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਹੀਦਾਂ ਦੇ ਬਲੀਦਾਨ ਨੂੰ ਯਾਦ ਕੀਤਾ।

---------------------------------------------------------------

ਚੋਣ ਅਧਿਕਾਰੀਆਂ ਦੀ ਇੱਕ ਟੀਮ, ਕਥਿਤ ਤੌਰ’ਤੇ ਨਕਦੀ ਵੰਡਣ ਦੀ

ਸ਼ਿਕਾਇਤ ਮਿਲਣ ਤੋਂ ਬਾਅਦ, ਅੱਜ ਸ਼ਾਮ ਰਾਸ਼ਟਰੀ ਰਾਜਧਾਨੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰੀ ਰਿਹਾਇਸ਼, ਕਪੂਰਥਲਾ ਹਾਊਸ ਵਿਖੇ ਪਹੁੰਚ ਗਈ ਏ। ਉੱਥੇ ਮੌਜੂਦ ਇੱਕ ਅਧਿਕਾਰੀ ਨੇ ਮੀਡੀਆ ਨੂੰ ਦੱਸਿਆ ਕਿ ਚੋਣ ਕਮਿਸ਼ਨ ਦੀ C – VIGIL ਐਪ 'ਤੇ ਪੈਸੇ ਵੰਡਣ ਦੀ ਸ਼ਿਕਾਇਤ ਮਿਲੀ ਸੀ ਅਤੇ ਇੱਕ ਫਲਾਇੰਗ ਸਕੁਐਡ ਟੀਮ ਜਾਂਚ ਲਈ ਉਥੇ ਪਹੁੰਚੀ। ਇਸ ਦੌਰਾਨ, ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਏ ਕਿ ਇਸ ਨੇ ਅਜਿਹੀ ਕੋਈ ਕਾਰਵਾਈ ਦਾ ਹੁਕਮ ਨਹੀਂ ਦਿੱਤਾ ਏ ਅਤੇ ਇਹ ਮਾਮਲਾ C – VIGIL ਐਪ 'ਤੇ ਸ਼ਿਕਾਇਤ ਨਾਲ ਸਬੰਧਤ ਏ। ਅਧਿਕਾਰਤ ਹਲਕਿਆਂ ਨੇ ਕਿਹਾ ਕਿ ਕਮਿਸ਼ਨ, ਜਾਂਚ ਏਜੰਸੀਆਂ ਦੇ ਕੰਮ ਵਿਚ ਦਖਲ ਨਹੀਂ ਦਿੰਦਾ।

---------------------------------------------------------------

ਤਰਨਤਾਰਨ ਪੁਲਿਸ ਨੇ ਥੋੜ੍ਹੇ ਸਮੇਂ ਦੀ ਗੋਲੀਬਾਰੀ ਮਗਰੋਂ, ਅਮਰੀਕਾ ਅਤੇ ਕੈਨੇਡਾ ਸਥਿਤ ਅੱਤਵਾਦੀ ਅਤੇ ਗੈਂਗਸਟਰਾਂ ਦੇ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਜਾਣਕਾਰੀ ਸਾਂਝੀ ਕਰਦੇ ਹੋਏ ਦਸਿਆ ਕਿ

ਜਦੋਂ ਇੱਕ ਪੁਲਿਸ ਟੀਮ ਨੇ ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ, ਤਾਂ ਉਨ੍ਹਾਂ ਨੇ ਟੀਮ 'ਤੇ ਹਮਲਾ ਕਰ ਦਿੱਤਾ ਅਤੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਿਸ ਪਾਰਟੀ ਨੇ ਆਪਣੇ ਬਚਾਅ ਵਿੱਚ ਕਾਰਵਾਈ ਕੀਤੀ, ਜਿਸ ਦੌਰਾਨ ਦੋਵੇਂ ਮੁਲਜ਼ਮ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ ਏ, ਜਿੱਥੇ ਉਨ੍ਹਾਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਏ। ਉਨ੍ਹਾਂ ਦਸਿਆ ਕੀ ਇਨ੍ਹਾਂ ਦੇ ਕਬਜ਼ੇ 'ਚੋਂ ਇੱਕ ਪਿਸਤੌਲ ਅਤੇ ਕਾਰਤੂਸ ਸਮੇਤ ਦੋ ਗ੍ਰੇਨੇਡ ਬਰਾਮਦ ਕੀਤੇ ਗਏ ਨੇ।

-----------------------------------------------------------

ਜਲੰਧਰ ਸਥਿਤ ਲਾਇਲਪੁਰ ਖਾਲਸਾ ਕਾਲਜ, ਐੱਨ.ਸੀ.ਸੀ. ਕੈਡਿਟਾਂ ਨੇ 'ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਅਤੇ ਰੋਕਥਾਮ' ਦੇ ਮਹੱਤਵਪੂਰਨ ਮੁੱਦੇ 'ਤੇ ਇੱਕ ਵਿਚਾਰ ਚਰਚਾ ਵਿੱਚ ਹਿੱਸਾ ਲਿਆ। 2 ਪੰਜਾਬ ਐੱਨ.ਸੀ.ਸੀ. ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ , ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਦੇ ਨੌਜਵਾਨਾਂ 'ਤੇ ਨਸ਼ਿਆਂ ਦੀ ਵਰਤੋਂ ਦੇ ਪ੍ਰਭਾਵਾਂ ਨੂੰ ਉਜਾਗਰ ਕੀਤਾ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਇਹ

ਵਿਚਾਰ ਚਰਚਾ ਨਸ਼ੀਲੇ ਪਦਾਰਥਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਮਹੱਤਵਪੂਰਨ ਕਦਮ ਏ। ਪੰਜਾਬ ਦੇ ਨੌਜਵਾਨਾਂ ਨੂੰ ਅੱਜ ਦੇ ਦੌਰ ਵਿੱਚ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਜਾਗਰੂਕ ਹੋਣ ਦੀ ਬਹੁਤ ਲੋੜ ਏ।

ਮੁਕਾਬਲੇ ਵਿੱਚ ਐਨ.ਸੀ.ਸੀ. ਕੈਡਿਟਾਂ ਨੇ ਨਸ਼ੀਲੇ ਪਦਾਰਥਾਂ ਦੇ ਵੱਖ-ਵੱਖ ਪਹਿਲੂਆਂ, ਇਸਦੇ ਸਮਾਜਿਕ ਤੇ ਆਰਥਿਕ ਪ੍ਰਭਾਵਾਂ ਅਤੇ ਇਸ ਖ਼ਤਰੇ ਦਾ ਮੁਕਾਬਲਾ ਕਰਨ ਲਈ ਲੋੜੀਂਦੇ ਕਦਮਾਂ 'ਤੇ ਜੋਸ਼ ਨਾਲ ਗੱਲ ਕੀਤੀ। ਕੈਡਿਟਾਂ ਨੇ ਇਸ ਸੰਕਟ ਨੂੰ ਹੱਲ ਕਰਨ ਵਿੱਚ ਸਿੱਖਿਆ, ਜਾਗਰੂਕਤਾ ਅਤੇ ਸਰਕਾਰ ਦੀ ਭੂਮਿਕਾ ਬਾਰੇ ੳਰਚਾ ਕੀਤੀ।

ਕਰਨਲ ਵਿਨੋਦ ਜੋਸ਼ੀ ਨੇ ਕੈਡਿਟਾਂ ਦੀ ਭਾਸ਼ਣ ਕਲਾ ਦੀ ਕਰਦਿਆਂ ,ਖੇਤਰ ਵਿੱਚ ਨਸ਼ਿਆਂ ਦੀ ਵੱਧ ਰਹੀ ਸਮੱਸਿਆ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਭਵਿੱਖੀ ਪੀੜ੍ਹੀ ਲਈ ਨਸ਼ਾ ਮੁਕਤ ਸਮਾਜ ਬਣਾਉਣ ਲਈ ਸਕੂਲਾਂ, ਕਾਲਜਾਂ, ਪੁਲਿਸ ਅਤੇ ਹੋਰ ਅਦਾਰਿਆਂ ਦੇ ਸਮੂਹਿਕ ਯਤਨਾਂ ਦਾ ਸੱਦਾ ਦਿੱਤਾ। ਐੱਨ.ਸੀ.ਸੀ ਇੰਚਾਰਜ ਡਾ. ਕਰਨਬੀਰ ਸਿੰਘ ਨੇ ਕਿਹਾ ਕਿ ਕੈਡਿਟਾਂ ਨੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਇੱਕ ਮਜ਼ਬੂਤ ਵਚਨਬੱਧਤਾ ਦਿਖਾਈ ਏ। ਇੱਕ ਸਿਹਤਮੰਦ ਅਤੇ ਨਸ਼ਾ ਮੁਕਤ ਸਮਾਜ

ਲਈ ਐਨ ਸੀ ਸੀ ਕੈਡਿਟਸ ਮੱਹਤਵਪੂਰਨ ਭੂਮਿਕਾ ਨਿਭਾ ਸਕਦੇ ਹਨ। NSS ਪ੍ਰੋਗਰਾਮ ਅਫਸਰ ਪ੍ਰੋ. ਸਤਪਾਲ ਸਿੰਘ ਨੇ ਕਿਹਾ ਕਿ  ਇਸ ਪਹਿਲਕਦਮੀ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਠੋਸ ਸੁਝਾਅ ਵੀ ਦਿੱਤੇ ਹਨ। ਇਸ ਸਮਾਗਮ ਵਿੱਚ ਬਟਾਲੀਅਨ ਦੇ ਅਧਿਕਾਰੀ ਸੂਬੇਦਾਰ ਰਜਿੰਦਰ ਸਿੰਘ, ਨਾਇਬ ਸੂਬੇਦਾਰ ਇਕਬਾਲ ਸਿੰਘ, ਹਵਾਲਦਾਰ ਹਰਦੀਪ ਸਿੰਘ ਵੀ ਮੌਜੂਦ ਸਨ।

---------------------------------------------------------------------

ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ  ਨਵੀਂ ਦਿੱਲੀ ਵਿਖੇ ਕਿਰਤ ਮੰਤਰੀਆਂ ਅਤੇ ਕਿਰਤ ਸਕੱਤਰਾਂ ਦੀ ਦੋ-ਰੋਜ਼ਾ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਤਜਵੀਜ਼ ਕਿ ਈ-ਸ਼੍ਰਮ ਅਧੀਨ ਰਜਿਸਟਰਡ ਕਾਮਿਆਂ ਨੂੰ ਸਿਹਤ ਬੀਮਾ, ਉਨ੍ਹਾਂ ਦੇ ਬੱਚਿਆਂ ਲਈ ਵਜ਼ੀਫਾ ਅਤੇ ਸੇਵਾਮੁਕਤੀ ਤੋਂ ਬਾਅਦ ਪੈਨਸ਼ਨ ਲਾਭ ਪ੍ਰਦਾਨ ਕੀਤੇ ਜਾਣ।  ਬੀਤੀ ਸ਼ਾਮ ਹੋਈ ਕਾਨਫਰੰਸ ਦੌਰਾਨ ਸ਼੍ਰੀ ਸੌਂਦ ਨੇ ਇਸ ਮੁੱਦੇ ਸਬੰਧੀ ਕੇਂਦਰੀ ਕਿਰਤ ਮੰਤਰੀ ਨਾਲ ਵਿਚਾਰ-ਚਰਚਾ ਵੀ ਕੀਤੀ। ਉਨ੍ਹਾਂ ਨੇ ਆਈ.ਟੀ.ਆਈ. ਅਤੇ ਪੌਲੀਟੈਕਨਿਕ ਰਾਹੀਂ ਹੁਨਰ ਦੀ ਪਛਾਣ ਅਤੇ

ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਕਾਮਿਆਂ ਲਈ ਹੁਨਰ ਵਿਕਾਸ ਅਤੇ ਨਿਰੰਤਰ ਸਹਾਇਤਾ ਦੀ ਲੋੜ ਨੂੰ ਉਜਾਗਰ ਕੀਤਾ। ਪੰਜਾਬ ਦੇ ਕਿਰਤ ਸਕੱਤਰ ਮਨਵੇਸ਼ ਸਿੰਘ ਸਿੱਧੂ ਨੇ ਸੂਬੇ ਦੇ ਕਿਰਤ ਵਿਭਾਗ ਦੇ 100 ਫੀਸਦ ਕੰਪਿਊਟਰੀਕਰਨ ਬਾਰੇ ਜਾਣਕਾਰੀ ਦਿੱਤੀ, ਜਿਸ ਸਦਕਾ ਵਿਭਾਗ ਦਾ ਕੰਮਕਾਜ ਹੁਣ ਪੂਰੀ ਤਰ੍ਹਾਂ ਕਾਗਜ਼ ਰਹਿਤ, ਪਾਰਦਰਸ਼ੀ ਅਤੇ ਕੁਸ਼ਲ ਹੋ ਗਿਆ ਏ । ਕਾਨਫਰੰਸ ਵਿੱਚ ਪੰਜਾਬ ਦੇ ਕਿਰਤ ਵਿਭਾਗ ਅਤੇ ਕਿਰਤੀ ਸਹਾਇਕ ਐਪ ਦੀ ਵੀ ਭਰਪੂਰ ਸ਼ਲਾਘਾ ਕੀਤੀ ਗਈ ।

---------------------------------------------------------------

ਸ਼੍ਰੋਮਣੀ ਅਕਾਲੀ ਦਲ ਨੇ ਭਲਕੇ 31 ਜਨਵਰੀ ਨੂੰ, ਆਪਣੀ ਵਰਕਿੰਗ ਕਮੇਟੀ ਦੀ ਅਹਿਮ ਮੀਟਿੰਗ ਬੁਲਾਈ ਏ। ਮੀਟਿੰਗ ਵਿੱਚ, ਅੰਮ੍ਰਿਤਸਰ 'ਚ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਬਾਰੇ  ਚਰਚਾ ਕੀਤੀ ਜਾਵੇਗੀ ਅਤੇ ਨਾਲ ਹੀ ਪਾਰਟੀ ਦੀ ਚਲ ਰਹੀ, ਮੈਂਬਰਸ਼ਿਪ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਜਾਵੇਗੀ। ਪਾਰਟੀ ਦੇ ਸੀਨੀਅਰ ਆਗੂ, ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਮੁੱਖ ਦਫਤਰ, ਚੰਡੀਗੜ੍ਹ

ਵਿੱਚ ਹੋਣ ਵਾਲੀ ਮੀਟਿੰਗ ਦੀ ਪ੍ਰਧਾਨਗੀ, ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਕਰਨਗੇ। ਉਹਨਾਂ ਕਿਹਾ ਕਿ ਵਰਕਿੰਗ ਕਮੇਟੀ, ਪਾਰਟੀ ਦੀ ਰਣਨੀਤੀ ਤੈਅ ਕਰੇਗੀ ।

---------------------------------------------------

ਮੌਸਮ ਵਿਭਾਗ ਨੇ ਪੰਜਾਬ ਅੰਦਰ ਅਗਲੇ 5 ਦਿਨਾਂ ਤੱਕ ਧੁੰਦ ਜਾਂ ਸੀਤ ਲਹਿਰ ਨੂੰ ਲੈ ਕੇ ਕੋਈ ਅਲਰਟ ਜਾਰੀ ਨਹੀਂ ਕੀਤਾ ,ਪਰ ਪੱਛਮੀ ਗੜਬੜੀ ਦੇ ਸਰਗਰਮ ਹੋਣ ਤੋਂ ਬਾਅਦ ਮੌਸਮ 'ਚ ਵੱਡਾ ਬਦਲਾਅ ਦੇਖਣ ਨੂੰ ਮਿਲ ਰਿਹਾ ਏ । ਮੌਸਮ ਮਾਹਿਰਾਂ ਮੁਤਾਬਕ ਆਉਣ ਵਾਲੇ ਕੁਝ ਦਿਨਾਂ 'ਚ ਘੱਟੋ-ਘੱਟ ਤਾਪਮਾਨ 'ਚ 3 ਡਿਗਰੀ ਦੀ ਗਿਰਾਵਟ ਆ ਸਕਦੀ ਏ ਅਤੇ ਇਸ ਤੋਂ ਬਾਅਦ ਤਾਪਮਾਨ 'ਚ ਜ਼ਿਆਦਾ ਬਦਲਾਅ ਨਹੀਂ ਹੋਵੇਗਾ । ਇੱਕ ਨਵੀਂ ਪੱਛਮੀ ਗੜਬੜ ਪਹਿਲੀ ਫਰਵਰੀ ਨੂੰ ਸਰਗਰਮ ਹੋਵੇਗੀ। ਇਸ ਤਬਦੀਲੀ ਕਾਰਨ ਪੰਜਾਬ ਵਿੱਚ 31 ਜਨਵਰੀ ਤੋਂ 4 ਫਰਵਰੀ ਤੱਕ ਮੀਂਹ ਪੈਣ ਦੀ ਸੰਭਾਵਨਾ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਦਸਿਆ ।

---------------------------------------------------